ਮਹਲਾ ੧ ਬਸੰਤੁ ਹਿੰਡੋਲ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਸਾਲ ਗ੍ਰਾਮ ਬਿਪ ਪੂਜਿ ਮਨਾਵਹੁ ਸੁਕ੍ਰਿਤੁ ਤੁਲਸੀ ਮਾਲਾ ॥ ਰਾਮ ਨਾਮੁ ਜਪਿ ਬੇੜਾ ਬਾਂਧਹੁ ਦਇਆ ਕਰਹੁ ਦਇਆਲਾ ॥ ੧॥ ਕਾਹੇ ਕਲਰਾ ਸਿੰਚਹੁ ਜਨਮੁ ਗਵਾਵਹੁ ॥ ਕਾਚੀ ਢਹਗਿ ਦਿਵਾਲ ਕਾਹੇ ਗਚੁ ਲਾਵਹੁ ॥ ੧॥ ਰਹਾਉ ॥ ਕਰ ਹਰਿਹਟ ਮਾਲ ਟਿੰਡ ਪਰੋਵਹੁ ਤਿਸੁ ਭੀਤਰਿ ਮਨੁ ਜੋਵਹੁ ॥ ਅੰਮ੍ਰਿਤੁ ਸਿੰਚਹੁ ਭਰਹੁ ਕਿਆਰੇ ਤਉ ਮਾਲੀ ਕੇ ਹੋਵਹੁ ॥ ੨॥ ਕਾਮੁ ਕ੍ਰੋਧੁ ਦੁਇ ਕਰਹੁ ਬਸੋਲੇ ਗੋਡਹੁ ਧਰਤੀ ਭਾਈ ॥ ਜਿਉ ਗੋਡਹੁ ਤਿਉ ਤੁਮ੍ ਸੁਖ ਪਾਵਹੁ ਕਿਰਤੁ ਨ ਮੇਟਿਆ ਜਾਈ ॥ ੩॥ ਬਗੁਲੇ ਤੇ ਫੁਨਿ ਹੰਸੁਲਾ ਹੋਵੈ ਜੇ ਤੂ ਕਰਹਿ ਦਇਆਲਾ ॥ ਪ੍ਰਣਵਤਿ ਨਾਨਕੁ ਦਾਸਨਿ ਦਾਸਾ ਦਇਆ ਕਰਹੁ ਦਇਆਲਾ ॥ ੪॥੧॥੯॥ {ਪੰਨਾ 1170-1171}

ਨੋਟ:- ਇਸ ਸ਼ਬਦ ਦੇ ਸਿਰਲੇਖ ਵਿਚ ਦੋ ਰਾਗਾਂ ਦਾ ਨਾਮ ਆਇਆ ਹੈ—ਬਸੰਤ ਅਤੇ ਹਿੰਡੋਲ। ਇਸ ਦਾ ਭਾਵ ਇਹ ਹੈ ਕਿ ਇਹਨਾਂ ਦੋਹਾਂ ਰਾਗਾਂ ਨੂੰ ਮਿਲਾ ਕੇ ਇਸ ਸ਼ਬਦ ਦਾ ਕੀਰਤਨ ਕਰਨਾ ਹੈ।

ਨੋਟ:- ਪਿਛਲੇ 8 ਸ਼ਬਦ 'ਘਰੁ 1' ਵਿਚ ਗਾਵਣੇ ਹਨ। ਹੁਣ 'ਘਰੁ 2' ਸ਼ੁਰੂ ਹੋਇਆ ਹੈ।

ਪਦਅਰਥ:- ਸਾਲਗ੍ਰਾਮ—{ਨੋਟ:- ਨੇਪਾਲ-ਧਰਤੀ ਦੇ ਦੱਖਣ ਪਾਸੇ ਇਕ ਗ੍ਰਾਮ (ਪਿੰਡ) ਹੈ ਜਿਸ ਦੇ ਆਸੇ ਪਾਸੇ ਸਾਲ ਦੇ ਰੁੱਖ ਬਹੁਤ ਹਨ। ਉਸ ਪਿੰਡ ਦਾ ਨਾਮ ਹੀ ਸਾਲਗ੍ਰਾਮ ਪ੍ਰਸਿੱਧ ਹੋ ਗਿਆ। ਉਸ ਪਿੰਡ ਦੇ ਕੋਲੋਂ ਦੀ ਇਕ ਪਹਾੜੀ ਨਦੀ ਵਹਿੰਦੀ ਹੈ ਜਿਸ ਦਾ ਨਾਮ ਗੰਡਕੀ ਹੈ। ਗੰਡਕੀ ਵਿਚੋਂ ਪਿੰਡ ਸਾਲਗ੍ਰਾਮ ਦੇ ਨੇੜੇ ਕਰਕੇ ਗੋਲ ਧਾਰੀਦਾਰ ਪੱਥਰ ਬਹੁਤ ਨਿਕਲਦੇ ਹਨ। ਪਿੰਡ ਦੇ ਨਾਮ ਤੇ ਇਹਨਾਂ ਗੋਲ ਪੱਥਰਾਂ ਦਾ ਨਾਮ ਭੀ ਸਾਲਗ੍ਰਾਮ ਪੈ ਗਿਆ। ਇਕ ਪੁਰਾਣਿਕ ਸਾਖੀ ਅਨੁਸਾਰ ਵਿਸ਼ਨੂੰ ਨੂੰ ਸਾਲਗ੍ਰਾਮ ਦੇ ਰੂਪ ਵਿਚ ਆਉਣਾ ਪਿਆ। ਉਸ ਸਾਖੀ ਅਨੁਸਾਰ ਤੁਲਸੀ ਅਤੇ ਸਾਲਗ੍ਰਾਮ ਦੀ ਇਕੱਠੀ ਪੂਜਾ ਚਲੀ ਆ ਰਹੀ ਹੈ} ਵਿਸ਼ਨੂੰ ਦੀ ਮੂਰਤੀ। ਬਿਪ—ਹੇ ਵਿਪ੍ਰ! ਹੇ ਬ੍ਰਾਹਮਣ! ਪੂਜਿ—ਪੂਜਾ ਕਰ ਕੇ। ਮਨਾਵਹੁ—ਪ੍ਰਸੰਨ ਕਰੋ। ਸੁਕ੍ਰਿਤੁ—ਨੇਕ ਆਚਰਨ, ਨੇਕ ਕਮਾਈ। ਜਪਿ—ਜਪ ਕੇ। ਬਾਂਧਹੁ—ਤਿਆਰ ਕਰੋ। ਦਇਆਲਾ—ਹੇ ਦਿਆਲ ਪ੍ਰਭੂ!।1।

ਕਾਹੇ ਸਿੰਚਹੁ—ਕਿਉਂ ਪਾਣੀ ਸਿੰਜਦੇ ਹੋ? ਪਾਣੀ ਦੇਣ ਦਾ ਕੋਈ ਲਾਭ ਨਹੀਂ। ਢਹਗਿ—ਢਹਿ ਜਾਇਗੀ। ਗਚੁ—ਚੂਨੇ ਦਾ ਪਲਸਤਰ।1। ਰਹਾਉ।

ਕਰ—(ਦੋਵੇਂ) ਹੱਥ, ਹੱਥਾਂ ਨਾਲ ਕੀਤੀ ਸੇਵਾ। ਹਰਿਹਟ—ਹਰ੍ਹਟ। ਮਾਲ—ਮਾਲ੍ਹ। ਤਿਸੁ ਭੀਤਰਿ—ਉਸ ਹੱਥੀਂ ਕੀਤੀ ਸੇਵਾ ਵਿਚ। ਮਨੁ ਜੋਵਹੁ—(ਜਿਵੇਂ ਹਰ੍ਹਟ ਅੱਗੇ ਬੈਲ ਜੋਈਦੇ ਹਨ, ਤਿਵੇਂ ਸੇਵਾ ਵਿਚ) ਮਨ ਜੋੜੋ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਮਾਲੀ—ਜਗਤ-ਬਾਗ਼ ਦਾ ਪਾਲਣ ਵਾਲਾ ਪ੍ਰਭੂ।2।

ਬਸੋਲੇ—ਰੰਬੇ। ਭਾਈ—ਹੇ ਭਾਈ! ਕਿਰਤੁ—ਕੀਤਾ ਹੋਇਆ ਕੰਮ, ਕੀਤੀ ਮੇਹਨਤ। ਨ ਮੇਟਿਆ ਜਾਈ—ਵਿਅਰਥ ਨਹੀਂ ਜਾਇਗੀ।3।

ਫੁਨਿ—ਮੁੜ ਪਰਤ ਕੇ। ਪ੍ਰਣਵਤਿ—ਬੇਨਤੀ ਕਰਦਾ ਹੈ।

ਅਰਥ:- (ਹੇ ਬ੍ਰਾਹਮਣ! ਮੂਰਤੀ ਅਤੇ ਤੁਲਸੀ ਦੀ ਪੂਜਾ ਕਰ ਕੇ) ਤੂੰ ਆਪਣਾ ਜਨਮ (ਵਿਅਰਥ) ਗਵਾ ਰਿਹਾ ਹੈਂ (ਤੇਰਾ ਇਹ ਉੱਦਮ ਇਉਂ ਹੀ ਹੈ ਜਿਵੇਂ ਕੋਈ ਕਿਸਾਨ ਕਲਰਾਠੀ ਧਰਤੀ ਨੂੰ ਪਾਣੀ ਦੇਈ ਜਾਏ, ਕੱਲਰ ਵਿਚ ਫ਼ਸਲ ਨਹੀਂ ਉੱਗੇਗਾ) ਤੂੰ ਵਿਅਰਥ ਹੀ ਕੱਲਰ ਨੂੰ ਸਿੰਜ ਰਿਹਾ ਹੈਂ। (ਗਾਰੇ ਦੀ) ਕੱਚੀ ਕੰਧ (ਜ਼ਰੂਰ) ਢਹਿ ਜਾਇਗੀ (ਅੰਦਰਲੇ ਆਚਰਨ ਨੂੰ ਵਿਸਾਰ ਕੇ ਤੂੰ ਬਾਹਰ ਤੁਲਸੀ ਆਦਿਕ ਦੀ ਪੂਜਾ ਕਰ ਰਿਹਾ ਹੈਂ, ਤੂੰ ਤਾਂ ਗਾਰੇ ਦੀ ਕੱਚੀ ਕੰਧ ਉਤੇ) ਚੂਨੇ ਦਾ ਪਲਸਤਰ ਵਿਅਰਥ ਹੀ ਕਰ ਰਿਹਾ ਹੈਂ।1। ਰਹਾਉ।

ਹੇ ਬ੍ਰਾਹਮਣ! ਪਰਮਾਤਮਾ ਦਾ ਨਾਮ ਸਿਮਰ ਕੇ (ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਵਿਚੋਂ ਪਾਰ ਲੰਘਣ ਲਈ) ਇਹ ਬੇੜਾ ਤਿਆਰ ਕਰੋ, (ਸਦਾ ਪਰਮਾਤਮਾ ਦੇ ਦਰ ਤੇ ਅਰਦਾਸ ਕਰੋ ਤੇ ਆਖੋ—) ਹੇ ਦਿਆਲ ਪ੍ਰਭੂ! (ਮੇਰੇ ਉਤੇ) ਦਇਆ ਕਰ (ਤੇ ਮੈਨੂੰ ਆਪਣੇ ਨਾਮ ਦੀ ਦਾਤ ਦੇਹ)। ਹੇ ਬ੍ਰਾਹਮਣ! ਉਸ ਦਇਆਲ ਪ੍ਰਭੂ ਦੀ ਪੂਜਾ ਕਰੋ, ਉਸ ਨੂੰ ਪ੍ਰਸੰਨ ਕਰੋ, ਇਹੀ ਹੀ ਸਾਲਗ੍ਰਾਮ (ਦੀ ਪੂਜਾ)। ਨੇਕ ਆਚਰਨ ਬਣਾਓ, ਇਹ ਹੈ ਤੁਲਸੀ ਦੀ ਮਾਲਾ।1।

(ਕਿਸਾਨ ਆਪਣੀ ਪੈਲੀ ਦੇ ਕਿਆਰੇ ਸਿੰਜਣ ਵਾਸਤੇ ਖੂਹ ਨੂੰ ਘੜਮਾਲ੍ਹਦਾ ਹੈ, ਆਪਣੇ ਬਲਦ ਜੋਅ ਕੇ ਖੂਹ ਚਲਾਂਦਾ ਹੈ ਤੇ ਪਾਣੀ ਨਾਲ ਕਿਆਰੇ ਭਰਦਾ ਹੈ, ਇਸੇ ਤਰ੍ਹਾਂ ਹੇ ਬ੍ਰਾਹਮਣ!) ਹੱਥੀਂ ਸੇਵਾ ਕਰਨ ਨੂੰ ਹਰ੍ਟ ਤੇ ਹਰ੍ਟ ਦੀ ਮਾਲ੍ਹ ਤੇ ਉਸ ਮਾਲ੍ਹ ਵਿਚ ਟਿੰਡਾਂ ਜੋੜਨਾ ਬਣਾ। (ਹੱਥੀਂ ਸੇਵਾ ਵਾਲੇ ਘੜਮਾਲ੍ਹੇ ਖੂਹ) ਵਿਚ ਆਪਣਾ ਮਨ ਜੋਅ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਸਿੰਜ ਤੇ ਆਪਣੇ ਗਿਆਨ-ਇੰਦ੍ਰਿਆਂ ਦੇ ਕਿਆਰੇ ਇਸ ਨਾਮ-ਜਲ ਨਾਲ ਨਕਾਨਕ ਭਰ। ਤਦੋਂ ਹੀ ਤੂੰ ਇਸ ਜਗਤ-ਬਾਗ਼ ਦੇ ਪਾਲਣ-ਹਾਰ ਪ੍ਰਭੂ ਦਾ ਪਿਆਰਾ ਬਣੇਗਾ।2।

(ਕਿਸਾਨ ਉੱਗੀ ਖੇਤੀ ਨੂੰ ਰੰਬੇ ਨਾਲ ਗੋਡੀ ਦੇਂਦਾ ਹੈ। ਫ਼ਸਲ ਦੇ ਹਰੇਕ ਬੂਟੇ ਨੂੰ ਪਿਆਰ ਨਾਲ ਸਾਂਭ ਕੇ ਬਚਾਈ ਜਾਂਦਾ ਹੈ, ਤੇ ਫ਼ਾਲਤੂ ਘਾਹ ਬੂਟ ਨਦੀਣ ਨੂੰ, ਮਾਨੋ, ਗੁੱਸੇ ਨਾਲ ਪੁੱਟ ਪੁੱਟ ਕੇ ਬਾਹਰ ਸੁੱਟਦਾ ਜਾਂਦਾ ਹੈ, ਤੂੰ ਭੀ) ਹੇ ਭਾਈ! ਆਪਣੇ ਸਰੀਰ-ਧਰਤੀ ਨੂੰ ਗੋਡ, ਪਿਆਰ ਅਤੇ ਗੁੱਸਾ ਇਹ ਦੋ ਰੰਬੇ ਬਣਾ (ਦੈਵੀ ਗੁਣਾਂ ਨੂੰ ਪਿਆਰ ਨਾਲ ਬਚਾਈ ਰੱਖ, ਵਿਕਾਰਾਂ ਨੂੰ ਗੁੱਸੇ ਨਾਲ ਜੜ੍ਹੋਂ ਪੁੱਟਦਾ ਜਾਹ)। ਜਿਉਂ ਜਿਉਂ ਤੂੰ ਇਸ ਤਰ੍ਹਾਂ ਗੋਡੀ ਕਰੇਂਗਾ, ਤਿਉਂ ਤਿਉਂ ਆਤਮਕ ਸੁਖ ਮਾਣੇਂਗਾ। ਤੇਰੀ ਕੀਤੀ ਇਹ ਮੇਹਨਤ ਵਿਅਰਥ ਨਹੀਂ ਜਾਇਗੀ।3।

ਹੇ ਪ੍ਰਭੂ! ਹੇ ਦਿਆਲ ਪ੍ਰਭੂ! ਜੇ ਤੂੰ ਮੇਹਰ ਕਰੇਂ ਤਾਂ (ਤੇਰੀ ਮੇਹਰ ਨਾਲ ਮਨੁੱਖ ਪਖੰਡੀ) ਬਗੁਲੇ ਤੋਂ ਸੋਹਣਾ ਹੰਸ ਬਣ ਸਕਦਾ ਹੈ। ਤੇਰੇ ਦਾਸਾਂ ਦਾ ਦਾਸ ਨਾਨਕ ਬੇਨਤੀ ਕਰਦਾ ਹੈ (ਤੇ ਆਖਦਾ ਹੈ ਕਿ) ਹੇ ਦਿਆਲ ਪ੍ਰਭੂ! ਮੇਹਰ ਕਰ (ਤੇ ਬਗੁਲੇ ਤੋਂ ਹੰਸ ਕਰਨ ਵਾਲਾ ਆਪਣਾ ਨਾਮ ਬਖ਼ਸ਼)।4।1।9।